# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :15-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਭਾਰਤ-ਬਰਤਾਨੀਆ ਮੁਕਤ ਵਪਾਰ ਸਮਝੌਤਾ ਅੱਜ ਤੋਂ ਲਾਗੂ ਹੋਇਆ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਇਹ ਸਮਝੌਤਾ, ਭਾਰਤ-ਬਰਤਾਨੀਆ ਦੀ ਭਾਈਵਾਲੀ ਵਿੱਚ ਇੱਕ ਮਹੱਤਵਪੂਰਨ ਪਲ ਏ।

- ਅੰਮ੍ਰਿਤਸਰ ਅਤੇ ਲੁਧਿਆਣਾ ਤੋਂ  ਉਤਪਾਦਾਂ ਦੀ ਖੇਪ ਬਰਤਾਨੀਆ ਰਵਾਨਾ ਕੀਤੀ ਗਈ ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 17 ਜੁਲਾਈ ਨੂੰ ਜਲੰਧਰ ਦੌਰੇ ਦੀਆਂ ਤਿਆਰੀਆਂ ਜ਼ੋਰਾਂ 'ਤੇ ।

- ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR 2026 ਦਾ ਗਣਨਾ ਗੇੜ ਸਫਲਤਾ-ਪੂਰਵਕ ਮੁਕੰਮਲ।

- ਰਾਸ਼ਟਰੀ ਐੱਸ.ਸੀ.-ਐੱਸ.ਟੀ. ਹੱਬ ਪ੍ਰੋਜੈਕਟ ਤਹਿਤ ਅੱਜ ਪਟਿਆਲਾ ਵਿਖੇ ਐੱਸ.ਸੀ.-ਐੱਸ.ਟੀ. ਉਦਮੀਆਂ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।

- ਮੌਸਮ ਵਿਭਾਗ ਨੇ  ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਅੱਜ ਅਤੇ ਕੱਲ੍ਹ 16 ਜੁਲਾਈ ਨੂੰ ਕਈ ਥਾਵਾਂ 'ਤੇ ਗਰਮੀ ਅਤੇ ਹੁੰਮਸ ਭਰਿਆ ਮੌਸਮ ਰਹਿਣ ਜਦਕਿ 17 ਅਤੇ 18 ਜੁਲਾਈ ਨੂੰ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਅੱਜ ਤੋਂ ਲਾਗੂ ਹੋਇਆ, ਵਿਆਪਕ ਵਪਾਰ ਅਤੇ ਸਮਝੌਤਾ ਆਰਥਿਕ ਸਮਝੌਤਾ, ਭਾਰਤ-ਬਰਤਾਨੀਆ ਦੀ ਭਾਈਵਾਲੀ ਵਿੱਚ ਇੱਕ ਮਹੱਤਵਪੂਰਨ ਪਲ ਏ। ਸ਼੍ਰੀ

ਮੋਦੀ ਨੇ ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਦੀ ਇੱਕ ਸੋਸ਼ਲ ਮੀਡੀਆ ਪੋਸਟ ਸਾਂਝੀ ਕਰਦਿਆਂ, ਇਹ ਗੱਲ ਕਹੀਂ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਮਝੌਤਾ, ਭਾਰਤ ਦੇ ਕਿਸਾਨਾਂ, ਉੱਦਮੀਆਂ ਅਤੇ MSMEs ਨੂੰ ਨਵੀਂ ਗਤੀ ਦੇਵੇਗਾ ਅਤੇ ਨਾਲ ਹੀ ਕਈ ਜੀਵੰਤ ਖੇਤਰਾਂ ਨੂੰ ਬਰਤਾਨੀਆ ਦੇ ਬਾਜ਼ਾਰ ਤੱਕ ਮਜ਼ਬੂਤ ਪਹੁੰਚ ਪ੍ਰਦਾਨ ਕਰੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਤਕਨਾਲੋਜੀ, ਪੇਸ਼ੇਵਰ ਸੇਵਾਵਾਂ ਅਤੇ ਨਵੀਨਤਾ ਵਿੱਚ ਸਹਿਯੋਗ ਨੂੰ ਵੀ ਵਧਾਏਗਾ । ਭਾਰਤ ਤੋਂ ਬਰਤਾਨੀਆ ਨੂੰ ਵੱਖ-ਵੱਖ ਉਤਪਾਦ ਰਵਾਨਾ ਕਰਨ ਦੀ ਲੜੀ ਵਿੱਚ, ਅੱਜ ਅੰਮ੍ਰਿਤਸਰ ਅਤੇ ਲੁਧਿਆਣਾ ਤੋਂ ਵੀ ਤਿਆਰ ਕੱਪੜੇ , ਉੱਨ ਤੇ ਹੋਰ ਉਤਪਾਦ ਰਵਾਨਾ ਕੀਤੇ ਗਏ। ਲੁਧਿਆਣਾ ਵਿੱਚ, ਇਹ ਸਮਾਰੋਹ ਸਾਹਨੇਵਾਲ ਵਿਖੇ ਕਸਟਮ ਕਮਿਸ਼ਨਰੇਟ, DGFT (RA), ਲੁਧਿਆਣਾ ਅਤੇ ਭਾਰਤੀ ਬਰਾਮਦ ਸੰਗਠਨ ਫੈਡਰੇਸ਼ਨ -FIEO ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤਾ ਗਿਆ। ਓਧਰ ਅੰਮ੍ਰਿਤਸਰ ਵਿੱਚ, ਤਿਆਰ ਕੱਪੜਿਆਂ ਦੀ ਖੇਪ ਨੂੰ, ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਏਅਰ ਇੰਡੀਆ ਦੀ ਸਿੱਧੀ ਉਡਾਣ ਰਾਹੀਂ, ਬਰਮਿੰਘਮ ਲਈ ਰਵਾਨਾ ਕੀਤਾ ਗਿਆ। ਇਹ ਸਮਝੌਤਾ ਭਾਰਤ ਦੀ ਬਰਤਾਨੀਆ ਨੂੰ ਹੋਣ ਵਾਲੀ ਲਗਭਗ 99 ਫ਼ੀਸਦੀ ਬਰਾਮਦ 'ਤੇ ਜ਼ੀਰੋ-ਡਿਊਟੀ ਮਾਰਕੀਟ ਪਹੁੰਚ ਨੂੰ ਸੁਰੱਖਿਅਤ ਕਰਦਾ ਏ, 137 ਸੇਵਾਵਾਂ ਦੇ ਉਪ-ਖੇਤਰਾਂ ਵਿੱਚ ਮੌਕਿਆਂ ਦਾ ਵਿਸਥਾਰ ਕਰਦਾ ਏ,

ਅਤੇ ਟੈਕਸਟਾਈਲ, ਚਮੜਾ, ਇੰਜੀਨੀਅਰਿੰਗ, ਫੂਡ ਪ੍ਰੋਸੈਸਿੰਗ, ਫਾਰਮਾ-ਸਿਊਟੀਕਲ ਅਤੇ MSMEs ਸਮੇਤ ਮੁੱਖ ਖੇਤਰਾਂ ਨੂੰ ਮਜ਼ਬੂਤੀ ਦਿੰਦਾ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 17 ਜੁਲਾਈ ਨੂੰ ਜਲੰਧਰ ਵਿੱਚ ਹੋਣ ਵਾਲੇ ਦੌਰੇ ਦੀਆਂ ਤਿਆਰੀਆਂ ਚੱਲ ਰਹੀਆਂ ਨੇ । ਇਸ ਦੌਰੇ ਦੌਰਾਨ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦਾ ਉਦਘਾਟਨ ਅਤੇ ਨਾਲ ਹੀ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਦੇਸ਼ ਭਰ ਵਿਚ 74 ਹੋਰ ਪੁਨਰ ਵਿਕਸਤ ਰੇਲਵੇ ਸਟੇਸ਼ਨਾਂ ਦਾ ਵਰਚੁਅਲ ਮਾਧਿਅਮ ਰਾਹੀਂ ਉਦਘਾਟਨ ਕੀਤਾ ਜਾਵੇਗਾ। ਪ੍ਰਧਾਨ ਮੰਤਰੀ, ਅੰਮ੍ਰਿਤਸਰ ਨੂੰ ਉੱਤਰ ਪ੍ਰਦੇਸ਼ ਦੇ ਵਾਰਾਣਸੀ ਨਾਲ ਜੋੜਨ ਵਾਲੀ, ਸੰਤ ਰਵਿਦਾਸ ਐਕਸਪ੍ਰੈਸ ਨੂੰ ਵੀ ਰਵਾਨਾ ਕਰਨਗੇ । ਜਲੰਧਰ ਪਹੁੰਚਣ ਤੋਂ ਪਹਿਲਾਂ, ਸ਼੍ਰੀ ਮੋਦੀ ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਦਾ ਵੀ ਦੌਰਾ ਕਰਨਗੇ ਜਿੱਥੇ ਉਨ੍ਹਾਂ ਵਲੋਂ ਵੱਖ-ਵੱਖ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਦੀ ਸੰਭਾਵਨਾ ਏ ।

---------------------------------------------------------

ਕੇਂਦਰੀ ਮੰਤਰੀ ਮੰਡਲ ਨੇ 'ਆਤਮ-ਨਿਰਭਰ ਭਾਰਤ' ਲਈ ਯੂਰੀਆ-2026 ਵਾਸਤੇ ਰਾਸ਼ਟਰੀ ਨਿਵੇਸ਼ ਨੀਤੀ ਵੀ ਮਨਜ਼ੂਰੀ ਦੇ ਦਿੱਤੀ।

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਵਿੱਚ ਮੰਤਰੀ ਮੰਡਲ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਦੱਸਿਆ ਕਿ ਨੀਤੀ ਦਾ ਉਦੇਸ਼ ਦੇਸ਼ ਵਿੱਚ ਗੈਸ-ਅਧਾਰਤ ਯੂਰੀਆ ਨਿਰਮਾਣ ਇਕਾਈ ਸਥਾਪਤ ਕਰਨ ਲਈ ਯੂਰੀਆ ਖੇਤਰ ਵਿੱਚ ਨਵੇਂ ਨਿਵੇਸ਼ਾਂ ਨੂੰ ਉਤਸ਼ਾਹਿਤ ਕਰਨਾ ਏ , ਜਿਸ ਨਾਲ ਸਵੈ-ਨਿਰਭਰਤਾ ਦਾ ਟੀਚਾ ਪ੍ਰਾਪਤ ਹੁੰਦਾ ਏ । ਨਵੀਂ ਨੀਤੀ ਵਿੱਚ ਕਈ ਮਹੱਤਵਪੂਰਨ ਬਦਲਾਅ ਸ਼ਾਮਲ ਹਨ, ਜਿਸ ਵਿੱਚ ਵਧੇਰੇ ਪਾਰਦਰਸ਼ਤਾ ਲਈ ਸਥਿਰ ਅਤੇ ਪਰਿਵਰਤਨਸ਼ੀਲ ਲਾਗਤਾਂ ਨੂੰ ਵੱਖ ਕਰਨਾ ਸ਼ਾਮਲ ਏ । ਇਹ ਘੱਟੋ-ਘੱਟ 12 ਫੀਸਦੀ  ਅਤੇ ਵੱਧ ਤੋਂ ਵੱਧ 16 ਫੀਸਦੀ  ਦੇ ਨਾਲ 'ਰਿਟਰਨ ਆਨ ਇਕੁਇਟੀ' ਬੈਂਡ ਸ਼ੁਰੂ ਕਰਨਾ ਸ਼ਾਮਿਲ ਏ ।  ਇਹ ਅਨੁਮਾਨ ਲਗਾਇਆ ਗਿਆ ਏ ਕਿ NIP-2012 ਦੇ ਮੁਕਾਬਲੇ  NIPU-2026 ਦੇ ਤਹਿਤ ਸਥਾਪਤ ਹਰੇਕ ਪਲਾਂਟ ਨਾਲ 250 ਕਰੋੜ ਰੁਪਏ ਤੋਂ ਵੱਧ ਦੀ ਬੱਚਤ ਹੋਵੇਗੀ ।

---

ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR 2026 ਦਾ ਗਣਨਾ ਗੇੜ ਸਫਲਤਾ-ਪੂਰਵਕ ਪੂਰਾ ਹੋ ਗਿਆ ਏ । ਚੰਡੀਗੜ੍ਹ ਦੀ ਮੁੱਖ ਚੋਣ ਅਧਿਕਾਰੀ ਪ੍ਰੇਰਨਾ ਪੁਰੀ ਨੇ ਕਿਹਾ

ਕਿ ਅੱਜ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ 15 ਜੂਨ ਤੋਂ 14 ਜੁਲਾਈ ਤੱਕ ਮਹੀਨਾ ਭਰ ਚੱਲੀ ਪ੍ਰਕਿਰਿਆ ਦੌਰਾਨ, ਕੁੱਲ 5 ਲੱਖ 16 ਹਜ਼ਾਰ 427 ਰਜਿਸਟਰਡ ਵੋਟਰਾਂ ਨੂੰ ਕਵਰ ਕੀਤਾ ਗਿਆ ਏ। ਇਨ੍ਹਾਂ ਵਿੱਚੋਂ 4 ਲੱਖ 50 ਹਜ਼ਾਰ 246 ਗਣਨਾ ਫਾਰਮ ਇਕੱਠੇ ਅਤੇ ਡਿਜੀਟਾਈਜ਼ ਕੀਤੇ ਗਏ, ਜਦੋਂ ਕਿ BLOs ਵਲੋਂ ਵਾਰ-ਵਾਰ ਦੌਰੇ ਕਰਨ ਦੇ ਬਾਵਜੂਦ 66 ਹਜ਼ਾਰ 146 ਫਾਰਮ ਇਕੱਠੇ ਨਹੀਂ ਕੀਤੇ ਗਏ। ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਇਨ੍ਹਾਂ ਅਣ-ਇਕੱਤਰ ਕੀਤੇ ਫਾਰਮਾਂ ਵਿੱਚੋਂ ਬਹੁਤ ਸਾਰੇ ਉਨ੍ਹਾਂ ਲੋਕਾਂ ਦੇ ਨੇ  ਜੋ ਜਾਂ ਤਾਂ ਸਥਾਈ ਤੌਰ 'ਤੇ ਦੂਜੀਆਂ ਥਾਵਾਂ 'ਤੇ ਚਲੇ ਗਏ ਨੇ  ਜਾਂ ਗੈਰਹਾਜ਼ਰ ਨੇ ਮ੍ਰਿਤਕ ਨੇ ਆ ਫੇਰ ਜਿਨ੍ਹਾਂ ਦੀਆਂ ਫਰਜ਼ੀ ਐਂਟਰੀਆਂ ਨੇ। ਉਨ੍ਹਾਂ ਸਪੱਸ਼ਟ ਕੀਤਾ ਕਿ ਫੀਲਡ ਤਸਦੀਕ  ਦੇ ਆਧਾਰ 'ਤੇ ਇਨ੍ਹਾਂ ਵੋਟਰਾਂ ਦੇ ਨਾਮ 21 ਜੁਲਾਈ ਨੂੰ ਪ੍ਰਕਾਸ਼ਿਤ ਹੋਣ ਵਾਲੀ ਖਰੜਾ ਵੋਟਰ ਸੂਚੀ ਵਿੱਚ ਨਹੀਂ ਆਉਣਗੇ। ਉਨ੍ਹਾਂ ਕਿਹਾ ਕਿ ਖਰੜਾ ਵੋਟਰ ਸੂਚੀ,  ਚੰਡੀਗੜ੍ਹ ਦੇ ਮੁਖ ਚੋਣ ਅਧਿਕਾਰੀ ਦੀ ਵੈੱਬਸਾਈਟ ਦੇ ਨਾਲ-ਨਾਲ ECINET ਪਲੇਟਫਾਰਮ 'ਤੇ ਉਪਲਬਧ ਹੋਵੇਗੀ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਾ ਹਰ ਖੇਤਰ ਵਿੱਚ ਮੋਹਰੀ ਸੂਬਾ ਬਣਨ ਵੱਲ ਸਫ਼ਰ ਲੋਕਾਂ ਦੇ ਸਮਰਥਨ

ਅਤੇ ਵਿਸ਼ਵਾਸ ਨਾਲ ਜਾਰੀ ਰਹੇਗਾ। ਅੱਜ ਹੁਸ਼ਿਆਰਪੁਰ ਦੇ ਮੁਕੇਰੀਆਂ ਹਲਕਾ ਵਿੱਚ ਇੱਕ ਜਨਤਕ ਇਕੱਠ ਦੌਰਾਨ, ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਰਾਜਨੀਤੀ ਸੱਤਾ 'ਤੇ ਕਾਬਜ਼ ਰਹਿਣ ਬਾਰੇ ਨਹੀਂ ਏ ਸਗੋਂ ਪੰਜਾਬ ਦੇ ਲੋਕਾਂ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਬਾਰੇ ਏ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇਨ੍ਹਾਂ ਆਸਵੰਦ  ਯੋਜਨਾਵਾਂ ਲਈ ਰਾਜ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਏ। ਮੁਫ਼ਤ ਬਿਜਲੀ, ਬਿਹਤਰ ਸਰਕਾਰੀ ਸਕੂਲ, ਔਰਤਾਂ ਲਈ ਵਿੱਤੀ ਸਹਾਇਤਾ, ਵਿਸਥਾਰ ਕੀਤੀਆਂ  ਸਿਹਤ ਸੰਭਾਲ ਸੇਵਾਵਾਂ, ਕਿਸਾਨਾਂ ਲਈ ਦਿਨ ਵੇਲੇ ਬਿਜਲੀ ਸਪਲਾਈ, ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਨਿਰੰਤਰ ਉਪਰਾਲੇ ਹਕੀਕਤ ਬਣ ਰਹੇ ਨੇ।

---------------------------------------------------------------

ਪੰਜਾਬ ਸਰਕਾਰ ਨੇ ਸੂਬੇ ਵਿੱਚ ਬੱਚਾ ਗੋਦ ਲੈਣ ਦੀ ਪ੍ਰਕਿਰਿਆ ਨੂੰ ਹੋਰ ਸਰਲ, ਸੁਚੱਜਾ ਅਤੇ ਪਾਰਦਰਸ਼ੀ ਬਣਾਉਣ ਲਈ ਜ਼ਿਲ੍ਹਾ ਪੱਧਰ 'ਤੇ ਗੋਦ ਲੈਣ ਬਾਰੇ  ਏਜੰਸੀਆਂ ਦੀ ਗਿਣਤੀ ਵਿੱਚ ਵੱਡਾ ਵਾਧਾ ਕੀਤਾ ਏ।  ਪੰਜਾਬ ਦੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਕਾਨੂੰਨੀ

ਪ੍ਰਕਿਰਿਆ ਨੂੰ ਆਸਾਨ ਬਣਾ ਕੇ ਅਨਾਥ ਅਤੇ ਬੇਸਹਾਰਾ ਬੱਚਿਆਂ ਨੂੰ ਪਰਿਵਾਰ ਅਤੇ ਮਾਪਿਆਂ ਦਾ ਪਿਆਰ ਮੁਹੱਈਆ ਕਰਵਾਉਣਾ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਪਹਿਲਾਂ ਸੂਬੇ ਵਿੱਚ ਸਿਰਫ਼ 10 ਅਡਾਪਸ਼ਨ ਏਜੰਸੀਆਂ ਕੰਮ ਕਰ ਰਹੀਆਂ ਸਨ, ਜਿਸ ਕਾਰਨ ਗੋਦ ਲੈਣ ਦੀ ਪ੍ਰਕਿਰਿਆ ਵਿੱਚ ਦੇਰੀ ਹੁੰਦੀ ਸੀ ਅਤੇ ਚਾਹਵਾਨ ਜੋੜਿਆਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

BYTE

ਕੈਬਨਿਟ ਮੰਤਰੀ ਨੇ ਦੱਸਿਆ ਕਿ ਹਾਲ ਹੀ ਵਿੱਚ ਸੂਬੇ ਵਿੱਚ ਬਾਲ ਭੀਖ ਮੰਗਣ ਦੀ ਸਮੱਸਿਆ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਸੀ, ਜਿਸ ਦੌਰਾਨ ਕਈ ਬੱਚਿਆਂ ਨੂੰ ਬਚਾਇਆ  ਗਿਆ। ਉਨ੍ਹਾਂ ਕਿਹਾ ਕਿ ਚਿੰਤਾ ਦੀ ਗੱਲ ਇਹ ਸੀ ਕਿ ਕਈ ਬੱਚਿਆਂ ਦੇ ਮਾਪੇ ਜਾਂ ਪਰਿਵਾਰਕ ਮੈਂਬਰ ਉਨ੍ਹਾਂ ਨੂੰ ਵਾਪਸ ਲੈਣ ਲਈ ਨਹੀਂ ਆਏ।ਅਜਿਹੇ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਨੇ ਉਨ੍ਹਾਂ ਨੂੰ 'ਲੀਗਲ ਫ੍ਰੀ ਫਾਰ ਅਡਾਪਸ਼ਨ' ਸ਼੍ਰੇਣੀ ਵਿੱਚ ਸ਼ਾਮਲ ਕਰਨ ਦਾ ਫ਼ੈਸਲਾ ਕੀਤਾ ਏ ਤਾਂ ਜੋ ਉਨ੍ਹਾਂ ਨੂੰ ਕਾਨੂੰਨੀ ਪ੍ਰਕਿਰਿਆ ਅਧੀਨ ਗੋਦ ਦੇ ਕੇ ਇੱਕ ਸੁਰੱਖਿਅਤ ਅਤੇ ਪਿਆਰ ਭਰਿਆ ਪਰਿਵਾਰ ਮੁਹੱਈਆ ਕਰਵਾਇਆ ਜਾ ਸਕੇ।

---------------------------------------------------------

ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉਦਮ MSME

ਬਾਰੇ ਮੰਤਰਾਲੇ ਤਹਿਤ ਚੱਲ ਰਹੇ ਰਾਸ਼ਟਰੀ ਐੱਸ.ਸੀ.-ਐੱਸ.ਟੀ. ਹੱਬ ਪ੍ਰੋਜੈਕਟ ਤਹਿਤ ਅੱਜ ਪਟਿਆਲਾ ਵਿਖੇ ਐੱਸ.ਸੀ.-ਐੱਸ.ਟੀ. ਉਦਮੀਆਂ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। MSME ਲੁਧਿਆਣਾ ਦੇ ਜੁਆਇੰਟ ਡਾਇਰੈਕਟਰ ਪੰਕਜ ਕੁਮਾਰ ਝਾਅ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਕਬਾਇਲੀ ਭਾਈਚਾਰਿਆਂ ਉਦਮੀਆਂ ਦੀ ਸਮਰੱਥਾ ਵਿੱਚ ਵਾਧਾ ਕਰਨਾ, ਉਨ੍ਹਾਂ ਨੂੰ ਸਰਕਾਰੀ ਖਰੀਦ ਪ੍ਰਣਾਲੀ ਨਾਲ ਜੋੜਨਾ ਅਤੇ ਉਦਮਤਾ ਨੂੰ ਉਤਸ਼ਾਹਿਤ ਕਰਨਾ ਏ।

BYTE

ਇਸ ਮੌਕੇ ਨੈਸ਼ਨਲ SC ST hub ਲੁਧਿਆਣਾ ਦੇ ਬ੍ਰਾਂਚ ਹੈਡ ਸੂਰਿਆ ਭੂਸ਼ਣ ਅਤੇ pHD chamber and commerce industry ਦੇ ਸੀਨੀਅਰ ਰੀਜਨਲ ਡਾਇਰੈਕਟਰ ਭਾਰਤੀ ਸੂਦ ਨੇ, SC-ST ਭਾਈਚਾਰੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮੰਤਰਾਲੇ ਨਾਲ ਜੁੜ ਕੇ ਆਪਣਾ ਖੁਦ ਦਾ ਕੰਮ ਸ਼ੁਰੂ ਕਰਨ ਦਾ ਸੱਦਾ ਦਿਤਾ । ਰਾਸ਼ਟਰੀ ਲਘੂ ਉਦਯੋਗ ਕਾਰਪੋਰੇਸ਼ਨ ਵੱਲੋਂ ਲਾਗੂ ਕੀਤੀ ਜਾ ਰਹੀ ਇਸ ਯੋਜਨਾ ਰਾਹੀਂ ਐੱਸ.ਸੀ.-ਐੱਸ.ਟੀ. ਉਦਯਮੀਆਂ ਨੂੰ ਵੱਖ-ਵੱਖ ਸਰਕਾਰੀ ਮੌਕਿਆਂ ਅਤੇ ਸਹੂਲਤਾਂ ਬਾਰੇ ਜਾਣਕਾਰੀ ਦਿਤੀ ਗਈ। ਪ੍ਰੋਗਰਾਮ ਦੌਰਾਨ ਸੂਬਾ

ਸਰਕਾਰਾਂ, ਕੇਂਦਰੀ ਸਰਕਾਰੀ ਉੱਦਮਾਂ, ਬੈਂਕਾਂ, ਉਦਯੋਗਿਕ ਸੰਸਥਾਵਾਂ ਅਤੇ ਹੋਰ ਹਿੱਸੇਦਾਰਾਂ ਦੇ ਨੁਮਾਇੰਦੇ ਵੀ ਸ਼ਾਮਲ ਹੋਏ।

---------------------------------------------------------

"ਸਵੱਛਤਾ ਹੀ ਸੇਵਾ" ਮੁਹਿੰਮ ਤਹਿਤ ਪੰਜਾਬ BJP ਵਲੋਂ ਪਠਾਨਕੋਟ ਵਿੱਚ ਇੱਕ ਵਿਸ਼ੇਸ਼ ਸਫਾਈ ਮੁਹਿੰਮ ਸ਼ੁਰੂ ਕੀਤੀ ਗਈ ਏ । ਇਸ ਪ੍ਰੋਗਰਾਮ ਦੀ ਅਗਵਾਈ ਪੰਜਾਬ BJP ਦੇ ਸਾਬਕਾ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਕੀਤੀ। ਮੁਹਿੰਮ ਦੌਰਾਨ BJP ਵਰਕਰਾਂ ਨੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਚੌਰਾਹਿਆਂ ਦੀ ਸਫਾਈ ਕੀਤੀ। ਇਸ ਮੌਕੇ ਅਸ਼ਵਨੀ ਸ਼ਰਮਾ ਨੇ ਸ਼ਹਿਰ ਵਾਸੀਆਂ ਨੂੰ ਆਪਣੇ ਸ਼ਹਿਰ ਨੂੰ ਸਾਫ਼ ਰੱਖਣ ਦਾ ਸੱਦਾ ਦਿੱਤਾ। ਵਿਧਾਇਕ ਅਸ਼ਵਨੀ ਸ਼ਰਮਾ ਨੇ ਦੱਸਿਆ ਕਿ BJP ਪੰਜਾਬ ਨੇ ਲਗਭਗ 3,000 ਥਾਵਾਂ 'ਤੇ ਸਫਾਈ ਕਰਨ ਬਾਰੇ ਅੱਜ ਤੋਂ ਦੋ ਦਿਨਾਂ ਮੁਹਿੰਮ ਸ਼ੁਰੂ ਕੀਤੀ ਏ ।

---------------------------------------------------------

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਸੂਬੇ ਵਿੱਚ ਲਵਾਰਿਸ ਅਤੇ ਬੇਸਹਾਰਾ ਗਊ ਧੰਨ ਦੀ ਸੰਭਾਲ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਗਊਸ਼ਾਲਾਵਾਂ ਦੀ ਸਥਿਤੀ ਨੂੰ ਸੁਧਾਰਨ ਬਾਰੇ ਮਾਨਸਾ  ਵਿਖੇ ਸਰਕਾਰੀ ਤੇ ਨਿਜੀ ਗਊਸ਼ਾਲਾਵਾਂ ਦੇ ਨੁਮਾਇੰਦਿਆਂ ਅਤੇ

ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ । ਮੀਟਿੰਗ ਦੌਰਾਨ ਉਪ ਚੇਅਰਮੈਨ ਨੇ ਗਊਸ਼ਾਲਾਵਾਂ ਵਿੱਚ ਰੱਖੇ ਗਏ ਪਸ਼ੂਆਂ ਦੀ ਦੇਖਭਾਲ, ਹਰੇ ਚਾਰੇ, ਟੀਕਾਕਰਨ ਅਤੇ ਮੈਡੀਕਲ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਲਗਭਗ 30 ਗਊਸ਼ਾਲਾਵਾਂ ਨੂੰ ਮੁਫ਼ਤ ਗਊਧਨ ਲਿਫਟਰ ਦਿੱਤੇ ਜਾਣਗੇ, ਜੋ ਕਿ ਅਗਲੇ ਹਫਤੇ ਤੱਕ ਮਾਨਸਾ ਵਿਖੇ ਪੁੱਜ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਭਰ ਦੀਆਂ ਗਊਸ਼ਾਲਾਵਾਂ ਨੂੰ 3 ਕਰੋੜ ਤੋਂ ਵੱਧ ਰਾਸ਼ੀ ਦੀ ਲਾਗਤ ਨਾਲ 500 ਦੇ ਕਰੀਬ ਲਿਫਟਰ ਦਿੱਤੇ ਜਾਣੇ ਹਨ। ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮਾਫ਼ ਕੀਤੇ ਹੋਏ ਹਨ, ਪਰ ਫਿਰ ਵੀ ਜੇਕਰ ਕਿਸੇ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ੀ ਦੇ ਮਾਮਲੇ ਬਕਾਇਆ ਨੇ ਤਾਂ ਉਨ੍ਹਾਂ ਨੂੰ ਤੁਰੰਤ ਤਿਆਰ ਕਰਕੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਰਾਹੀਂ ਕਮਿਸ਼ਨ ਨੂੰ ਭੇਜਿਆ ਜਾਵੇ ਤਾਂ ਕਿ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ। ਉਨ੍ਹਾਂ ਨਗਰ ਕੌਂਸਲਾਂ ਦੇ ਕਾਰਜਸਾਧਕ ਅਫਸਰਾਂ ਨੂੰ ਨਿਰਦੇਸ਼ ਦਿੱਤੇ ਕਿ ਗਊਆਂ ਨੂੰ ਸੜਕਾਂ ਉਤੇ ਲਵਾਰਿਸ ਛੱਡਣ ਵਾਲੇ ਡੇਅਰੀ ਫਾਰਮਾਂ ਤੇ ਹੋਰ ਵਿਅਕਤੀਆਂ ਖ਼ਿਲਾਫ਼ ਮਿਊਂਸਪਲ ਐਕਟ ਤਹਿਤ ਜੁਰਮਾਨੇ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

---------------------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਾਸੀਆਂ ਨੂੰ ਅੱਜ ਅਤੇ ਕੱਲ੍ਹ 16

ਜੁਲਾਈ ਨੂੰ ਕਈ ਥਾਵਾਂ 'ਤੇ ਗਰਮੀ ਅਤੇ ਹੁੰਮਸ ਭਰੇ ਮੌਸਮ ਦਾ ਸਾਹਮਣਾ ਕਰਨਾ ਪੈ ਸਕਦਾ ਏ। ਮੌਸਮ ਵਿਭਾਗ ਨੇ 17 ਅਤੇ 18 ਜੁਲਾਈ ਨੂੰ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ, ਜਿਸ ਤੋਂ ਬਾਅਦ 19 ਅਤੇ 20 ਜੁਲਾਈ ਨੂੰ ਗੁਆਂਢੀ ਸੂਬੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਕੁਝ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ। ਇਸ ਦੌਰਾਨ, ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਫਰੀਦਕੋਟ ਵਿਖੇ 41.3 ਡਿਗਰੀ ਸੈਲਸੀਅਸ ,ਹਰਿਆਣਾ ਦੇ ਕਰਨਾਲ ਵਿਖੇ 40.5 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 36.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ।

---

- ਭਾਰਤ-ਬਰਤਾਨੀਆ ਮੁਕਤ ਵਪਾਰ ਸਮਝੌਤਾ ਅੱਜ ਤੋਂ ਲਾਗੂ ਹੋਇਆ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਇਹ ਸਮਝੌਤਾ, ਭਾਰਤ-ਬਰਤਾਨੀਆ ਦੀ ਭਾਈਵਾਲੀ ਵਿੱਚ ਇੱਕ ਮਹੱਤਵਪੂਰਨ ਪਲ ਏ।

- ਅੰਮ੍ਰਿਤਸਰ ਅਤੇ ਲੁਧਿਆਣਾ ਤੋਂ  ਉਤਪਾਦਾਂ ਦੀ ਖੇਪ ਬਰਤਾਨੀਆ ਰਵਾਨਾ ਕੀਤੀ ਗਈ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 17 ਜੁਲਾਈ ਨੂੰ ਜਲੰਧਰ ਦੌਰੇ ਦੀਆਂ ਤਿਆਰੀਆਂ ਜ਼ੋਰਾਂ 'ਤੇ।

- ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR 2026 ਦਾ ਗਣਨਾ ਗੇੜ ਸਫਲਤਾ-ਪੂਰਵਕ ਮੁਕੰਮਲ।

- ਰਾਸ਼ਟਰੀ ਐੱਸ.ਸੀ.-ਐੱਸ.ਟੀ. ਹੱਬ ਪ੍ਰੋਜੈਕਟ ਤਹਿਤ ਅੱਜ ਪਟਿਆਲਾ ਵਿਖੇ ਐੱਸ.ਸੀ.-ਐੱਸ.ਟੀ. ਉਦਮੀਆਂ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।

- ਮੌਸਮ ਵਿਭਾਗ ਨੇ  ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਅੱਜ ਅਤੇ ਕੱਲ੍ਹ 16 ਜੁਲਾਈ ਨੂੰ ਕਈ ਥਾਵਾਂ 'ਤੇ ਗਰਮੀ ਅਤੇ ਹੁੰਮਸ ਭਰਿਆ

ਮੌਸਮ ਰਹਿਣ ਜਦਕਿ 17 ਅਤੇ 18 ਜੁਲਾਈ ਨੂੰ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ।

- ਭਾਰਤ-ਬਰਤਾਨੀਆ ਮੁਕਤ ਵਪਾਰ ਸਮਝੌਤਾ ਅੱਜ ਤੋਂ ਲਾਗੂ ਹੋਇਆ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਇਹ ਸਮਝੌਤਾ, ਭਾਰਤ-ਬਰਤਾਨੀਆ ਦੀ ਭਾਈਵਾਲੀ ਵਿੱਚ ਇੱਕ ਮਹੱਤਵਪੂਰਨ ਪਲ ਏ।

- ਅੰਮ੍ਰਿਤਸਰ ਅਤੇ ਲੁਧਿਆਣਾ ਤੋਂ ਉਤਪਾਦਾਂ ਦੀ ਖੇਪ ਬਰਤਾਨੀਆ ਰਵਾਨਾ ਕੀਤੀ ਗਈ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 17 ਜੁਲਾਈ ਨੂੰ ਜਲੰਧਰ ਦੌਰੇ ਦੀਆਂ ਤਿਆਰੀਆਂ ਜ਼ੋਰਾਂ 'ਤੇ।

- ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR 2026 ਦਾ ਗਣਨਾ ਗੇੜ ਸਫਲਤਾ-ਪੂਰਵਕ ਮੁਕੰਮਲ।

- ਰਾਸ਼ਟਰੀ ਐੱਸ.ਸੀ.-ਐੱਸ.ਟੀ. ਹੱਬ ਪ੍ਰੋਜੈਕਟ ਤਹਿਤ ਅੱਜ ਪਟਿਆਲਾ ਵਿਖੇ ਐੱਸ.ਸੀ.-ਐੱਸ.ਟੀ. ਉਦਮੀਆਂ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਅੱਜ ਅਤੇ ਕੱਲ੍ਹ 16 ਜੁਲਾਈ ਨੂੰ ਕਈ ਥਾਵਾਂ 'ਤੇ ਗਰਮੀ ਅਤੇ ਹੁੰਮਸ ਭਰਿਆ ਮੌਸਮ ਰਹਿਣ ਜਦਕਿ 17 ਅਤੇ 18 ਜੁਲਾਈ ਨੂੰ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**